# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162

Epaper World Punjabi Times | 01 ਅਗਸਤ 2025 ਦਿਨ ਸ਼ੁੱਕਰਵਾਰ | ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਪ੍ਰੋ. ਮੋਹਨ ਸਿੰਘ ਫਾਊਂਡੇਸ਼ਨ ਨੇ ਗ਼ਦਰੀ ਬਾਬਿਆਂ ਦੀ ਯਾਦ ਵਿਚ ਕਰਵਾਇਆ 29ਵਾਂ ਸ਼ਾਨਦਾਰ ਮੇਲਾ

### ਸ਼ਹੀਦ ਮੇਵਾ ਸਿੰਘ ਦਾ ਅਦਾਲਤੀ ਰਿਕਾਰਡ ਦਰੁਸਤ ਕਰਨ ਅਤੇ 128 ਸਟਰੀਟ ਦਾ ਨਾਮ ਗੁਰੂ ਨਾਨਕ ਦੇਵ ਮਾਰਗ ਰੱਖਣ ਦਾ ਮਤਾ ਪਾਸ

### ਉੱਘੇ ਪੰਜਾਬੀ ਗਾਇਕਾਂ ਨੇ ਮੇਲੇ ਦੇ ਸ਼ੌਕੀਨਾਂ ਦਾ ਖ਼ੂਬ ਮਨੋਰੰਜਨ ਕੀਤਾ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ

ਸਰੀ, 1 ਅਗਸਤ : ਹਰ ਸਾਲ ਵਾਂਗ ਪ੍ਰੋਫੈਸਰ ਮੋਹਨ ਸਿੰਘ ਮੈਮੋਰੀਅਲ ਫਾਊਂਡੇਸ਼ਨ (ਕੈਨੇਡਾ) ਵੱਲੋਂ ਸਰੀ ਦੇਕਰੀਕ ਪਾਰਕ ਵਿਚ 29ਵਾਂ 'ਮੇਲਾ ਗ਼ਦਰੀ ਬਾਬਿਆਂ ਦਾ' ਕਰਵਾਇਆ ਗਿਆ। ਮੇਲੇ ਦੌਰਾਨ ਪਾਸ ਕੀਤੇ ਮਤਿਆਂ ਰਾਹੀਂ ਮੰਗ ਕੀਤੀ ਗਈ ਕਿ ਸ਼ਹੀਦ ਮੇਵਾ ਸਿੰਘ ਦਾ ਅਦਾਲਤੀ ਰਿਕਾਰਡ ਦਰੁਸਤ ਕੀਤਾ ਜਾਵੇ, ਸਰੀ ਦੀ 128 ਸਟਰੀਟ ਦਾ ਨਾਮ ਗੁਰੂ ਨਾਨਕ ਦੇਵ ਮਾਰਗ ਰੱਖਿਆ ਜਾਵੇ ਅਤੇ ਕਾਮਾਗਾਟਾਮਾਰੂ ਦੇ ਸਰਕਾਰੀ ਦਸਤਾਵੇਜ਼ਾਂ ਵਿਚ ਗੁਰੂ ਨਾਨਕ ਦੇਵ ਜੀ ਸਟੀਮਰ ਕੰਪਨੀ ਦਾ ਨਾਮ ਸ਼ਾਮਿਲ ਕੀਤਾ ਜਾਵੇ।



ਮੇਲੇ ਵਿਚ ਪਹੁੰਚੇ ਮੈਂਬਰ ਪਾਰਲੀਮੈਂਟ ਸੁਖ ਧਾਲੀਵਾਲ ਤੇ ਗੁਰਬਖਸ਼ ਸੈਣੀ, ਬੀ.ਸੀ. ਵਿਧਾਨ ਸਭਾ ਦੇ ਸਪੀਕਰ ਰਾਜ ਚੌਹਾਨ, ਬੀ.ਸੀ. ਦੇ ਕੈਬਨਿਟ ਮੰਤਰੀ ਜਗਰੂਪ ਬਰਾੜ ਤੇ ਸਿੱਖਿਆ ਮੰਤਰੀ ਜੈਸੀ ਸੁੰਨੜ, ਐਮ ਐਲ ਏ ਆਮਨਾ ਸ਼ਾਹ ਤੇ ਗੈਰੀ ਬੈਗ, ਡਾ. ਗੋਪਾਲ ਬੁੱਟਰ, ਭੁਪਿੰਦਰ ਮੱਲ੍ਹੀ ਵੱਲੋਂ ਗ਼ਦਰੀ ਬਾਬਿਆਂ ਦੀਆਂ ਕੁਰਬਾਨੀਆਂ ਨੂੰ ਯਾਦ ਕੀਤਾ ਗਿਆ। ਉੱਘੇ ਦੌੜਾਕ ਫੌਜਾ ਸਿੰਘ ਅਤੇ ਉੱਘੇ ਚਿੱਤਰਕਾਰ ਜਰਨੈਲ ਸਿੰਘ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

ਪ੍ਰਸਿੱਧ ਪੰਜਾਬੀ ਗਾਇਕ ਸੁਖਵਿੰਦਰ ਸੁਖੀ, ਜਸਵੰਤ ਸੰਦੀਲਾ, ਸੁੱਖੀ ਬਰਾੜ, ਗੁਰਵਿੰਦਰ ਬਰਾੜ, ਚਮਕੌਰ ਸੇਖੋਂ ਤੇ ਨਵਦੀਪ ਗਿੱਲ, ਹਰਜਿੰਦਰ ਸਹੋਤਾ, ਸਿਮਰਨ ਸਹੋਤਾ, ਇੰਦਰ ਢੱਟ, ਰਣਜੀਤ ਕੌਰ, ਵਿਜੇ ਯਮਲਾ, ਅਰਸ਼ ਰਿਆਜ, ਪਰਵੇਜ਼ ਗਿੱਲ ਅਤੇ ਜੱਸੜ ਆਪਣੇ ਚੋਣਵੇਂ ਗੀਤਾਂ ਨਾਲ ਸਰੋਤਿਆਂ ਦਾ ਮਨੋਰਜਨ ਕੀਤਾ। ਉੱਘੇ ਗਾਇਕ ਸੁਖਵਿੰਦਰ ਸੁੱਖੀ ਨੇ ਆਪਣੇ ਚਰਚਿਤ ਗੀਤ 'ਨੀ ਤੇਰੇ ਵੰਗਾਂ ਮੇਚ ਨਾ ਆਈਆਂ', 'ਜੱਟਾਂ ਦੇ ਗੋਤ ...' ਆਦਿ ਪੇਸ਼ ਕਰ ਕੇ ਨੌਜਵਾਨਾਂ ਨੂੰ ਆਪ ਮੁਹਾਰੇ ਨੱਚਣ ਲਾ ਦਿੱਤਾ। ਅਰਸ਼ ਰਿਆਜ, ਪਰਵਾਜ਼ ਗਿੱਲ ਤੇ ਜੱਸੜ ਦੀ ਤਿੱਕੜੀ ਵੱਲੋਂ ਪੇਸ਼ ਕੀਤੇ ਲੋਕ ਰੰਗ 'ਭਾਬੋ ਨੀ ਇੱਕ ਜੋਗੀ ਆ ਗਿਆ' ਨੂੰ ਸਰੋਤਿਆਂ ਨੇ ਖ਼ੂਬ ਮਾਣਿਆਂ।

ਕੈਬਨਿਟ ਮੰਤਰੀ ਗਰੈਗ ਰੋਬਰਟਸਨ ਦੇ ਸਲਾਹਕਾਰ ਸੁਖਵਿੰਦਰਪਾਲ ਸਿੰਘ ਨੇ ਮੰਤਰੀ ਵੱਲੋਂ ਫਾਊਡੇਸ਼ਨ ਦੇ ਪ੍ਰਧਾਨ ਸਾਹਿਬ ਥਿੰਦ ਨੂੰ ਸਨਮਾਨ ਪੱਤਰ ਭੇਟ ਕੀਤਾ। ਮੇਲੇ ਵਿਚ ਪੁੱਜੀਆਂ ਹੋਰਨਾਂ ਸ਼ਖ਼ਸੀਅਤਾਂ ਤੋਂ ਇਲਾਵਾ ਸਾਬਕਾ ਚੇਅਰਮੈਨ ਅਜਮੇਰ ਸਿੰਘ ਢਿੱਲੋਂ ਭਾਗਪੁਰ, ਡਾ. ਜਸਵੀਰ ਸਿੰਘ ਰੋਮਾਣਾ, ਡਾ. ਰਾਮਿੰਦਰ ਸਿੰਘ ਕੰਗ, ਸਾਬਕਾ ਮੰਤਰੀ ਜਿੰਨੀ ਸਿਮਸ, ਕੁਲਵੰਤ ਸਿੰਘ ਢੇਸੀ, ਜਸਵਿੰਦਰ ਦਿਲਾਵਰੀ, ਡਾ. ਕੁਲਦੀਪ ਸਿੰਘ ਚਾਹਲ, ਨਵਲਪ੍ਰੀਤ ਰੰਗੀ, ਰਣਜੀਤ ਸਿੰਘ ਸੰਧੂ, ਜਗੀਰ ਸਿੰਘ ਵਿਰਕ, ਡਾ. ਗੋਪਾਲ ਸਿੰਘ ਬੁੱਟਰ, ਨਿਰੰਜਣ ਸਿੰਘ ਲੇਹਲ, ਮਹੇਸ਼ਇੰਦਰ ਸਿੰਘ ਮਾਂਗਟ, ਨਵਰੂਪ ਸਿੰਘ, ਰਿੱਕੀ ਬਾਜਵਾ ਸ਼ਾਮਿਲ ਸਨ।

ਪ੍ਰਬੰਧਕਾਂ ਵੱਲੋਂ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ। ਪ੍ਰੋ. ਮੋਹਨ ਸਿੰਘ ਫਾਊਂਡੇਸ਼ਨ ਦੇ ਪ੍ਰਧਾਨ ਸਾਹਿਬ ਸਿੰਘ ਥਿੰਦ ਅਤੇ ਉਹਨਾਂ ਦੇ ਸਾਥੀਆਂ ਵੱਲੋਂ ਮੇਲੇ ਵਿਚ ਪਹੁੰਚੇ ਸਭਨਾਂ ਲੋਕਾਂ ਦਾ ਧੰਨਵਾਦ ਕੀਤਾ ਗਿਆ। ਉੱਘੇ ਰੇਡੀਓ ਹੋਸਟ ਗੁਰਬਾਜ਼ ਸਿੰਘ ਬਰਾੜ ਨੇ ਮੰਚ ਸੰਚਾਲਨ ਬਾਖ਼ੂਬੀ ਅਦਾ ਕੀਤਾ।

ਮੇਲੇ ਦੌਰਾਨ ਗੁਲਾਟੀ ਪਬਲਿਸ਼ਰਜ਼ ਲਿਮਟਿਡ ਸਰੀ ਵੱਲੋਂ ਹਰਦਮ ਮਾਨ ਦੀ ਅਗਵਾਈ ਵਿਚ ਪੁਸਤਕਾਂ ਪ੍ਰਦਰਸ਼ਨੀ ਲਾਈ ਗਈ ਜਿਸ ਨੂੰ ਪਾਠਕਾਂ ਵੱਲੋਂ ਭਰਵਾਂ ਹੁੰਗਾਰਾ ਦਿੱਤਾ ਗਿਆ। ਪੁਸਤਕ ਪ੍ਰਦਰਸ਼ਨੀ ਸਟਾਲ 'ਤੇ ਨਾਮਵਰ ਗ਼ਜ਼ਲਗੋ ਜਸਵਿੰਦਰ, ਮੋਹਨ ਗਿੱਲ, ਡਾ. ਪੂਰਨ ਸਿੰਘ, ਪ੍ਰੋ. ਕੁਲਵੰਤ ਸਿੰਘ, ਪ੍ਰਿੰ. ਪੂਨੀਆਂ, ਤਰਲੋਚਨ ਝਾਂਡੇ, ਅੰਗਰੇਜ਼ ਬਰਾੜ, ਤਰਲੋਚਨ ਤਰਨਤਾਰਨ, ਨਵਰੂਪ ਸਿੰਘ, ਸੁਖਵਿੰਦਰ ਸਿੰਘ ਚੋਹਲਾ (ਐਡੀਟਰ ਦੇਸ਼ ਪ੍ਰਦੇਸ ਟਾਈਮਜ਼), ਪ੍ਰੀਤਮ ਭਰੋਵਾਲ, ਅੰਤਰ ਪੰਮਾ ਤੇ ਹੋਰ ਕਈ ਲੇਖਕਾਂ, ਪੱਤਰਕਾਰਾਂ ਨੇ ਹਾਜ਼ਰੀ ਭਰੀ।

## ਫਰੀਡਮ ਫਾਇਟਰਜ਼ ਡੀਪੈਂਡੈਟਸ ਐਸੋਸੀਏਸ਼ਨ ਨੇ ਊਧਮ ਸਿੰਘ ਦਾ 86 ਵਾਂ ਸ਼ਹੀਦੀ ਦਿਹਾੜਾ ਮਨਾਇਆ

ਵਰਲਡ ਪੰਜਾਬੀ ਟਾਈਮਜ਼ ਧਰਮ ਪ੍ਰਵਾਨਾਂ

ਫ਼ਰੀਦਕੋਟ, 1 ਅਗਸਤ : ਫਰੀਡਮ ਫਾਈਟਰਜ ਡੀਪੈਂਡੇਨਟਸ ਐਸੋਸੀਏਸ਼ਨ ਪੰਜਾਬ ਨੇ ਜਲਿਆਂ ਵਾਲਾ ਬਾਗ ਵਿੱਚ ਮਾਰੇ ਗਏ ਨਿਹੱਥੇ ਬੇਕਸੂਰ ਭਾਰਤੀਆਂ ਦੇ ਕਤਲੇਆਮ ਦਾ ਬਦਲਾ ਲੈਣ ਵਾਲੇ ਭਾਰਤ ਦੇ ਮਹਾਨ ਕ੍ਰਾਂਤੀਕਾਰੀ ਸ਼ਹੀਦ ਊਧਮ ਸਿੰਘ ਦਾ 86 ਵਾਂ ਸ਼ਹੀਦੀ ਦਿਹਾੜਾ ਸਥਾਨਿਕ ਗਊਸ਼ਾਲਾ ਨਾਂਦਿਆਂਨਾ ਗੇਟ ਵਿਖੇ ਸੂਬਾ ਪ੍ਰਧਾਨ ਸ਼੍ਰੀ ਸੁਰੇਸ਼ ਅਰੋੜਾ ਦੀ ਅਗਵਾਈ ਵਿੱਚ ਮਨਾਇਆ ਗਿਆ।ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਡਾਕਟਰ ਚੰਦਰ ਸ਼ੇਖਰ ਸਿਵਲ ਸਰਜਨ ਫਰੀਦਕੋਟ ਨੇ ਸਭਨਾ ਨੂੰ ਜੀ ਆਇਆਂ ਨੂੰ ਕਿਹਾ ਅਤੇ ਆਪਣੇ ਵਿਚਾਰ ਸਾਂਝੇ ਕੀਤੇ। ਹਾਜ਼ਰ ਸਮੂਹ ਮੈਂਬਰਾਂ ਨੇ ਸ਼ਹੀਦ ਊਧਮ ਸਿੰਘ ਜੀ ਦੀ ਤਸਵੀਰ ਅੱਗੇ ਸ਼ਰਦਾ ਦੇ ਫੁੱਲ ਭੇਂਟ ਕੀਤੇ।ਇਸ ਮੌਕੇ ਤੇ ਆਪਣੇ ਵਿਚਾਰ ਪ੍ਰਗਟ ਕਰਦੇ ਹੋਏ ਸੂਬਾ ਪ੍ਰਧਾਨ ਸ਼੍ਰੀ ਸੁਰੇਸ਼ ਅਰੋੜਾ ਨੇ ਸ਼ਹੀਦ ਊਧਮ ਸਿੰਘ ਜੀ ਦੀ ਜੀਵਨੀ ਤੇ ਚਾਨਣਾ ਪਾਉਂਦੇ ਹੋਏ ਦੱਸਿਆ ਕਿ ਉਨ੍ਹਾਂ ਦਾ ਜਨਮ 26ਦਸੰਬਰ 1899 ਨੂੰ ਸੁਨਾਮ ਵਿਖੇ ਸ ਟਹਿਲ ਸਿੰਘ ਦੇ ਘਰ ਹੋਇਆ ਉਹ ਇੱਕ ਪ੍ਰਮੁੱਖ ਭਾਰਤੀ ਕ੍ਰਾਂਤੀਕਾਰੀ ਅਤੇ ਅਜ਼ਾਦੀ ਘੁਲਾਟੀਏ ਸਨ ਜਿਨ੍ਹਾਂ ਨੇ ਭਾਰਤੀ ਸੁਤੰਤਰਤਾ ਸੰਗਰਾਮ ਵਿੱਚ ਮਹੱਤਵ ਪੂਰਨ ਭੂਮਿਕਾ ਨਿਭਾਈ ਉਨ੍ਹਾਂ ਨੂੰ 1919 ਦੇ ਜਲਿਆਂ ਵਾਲਾ ਬਾਗ ਸਾਕੇ ਦਾ ਬਦਲਾ ਲੈਣ ਲਈ 1940 ਵਿੱਚ ਲੰਡਨ ਵਿੱਚ ਪੰਜਾਬ ਦੇ ਸਾਬਕਾ ਲੈਫਟੀਨੈਂਟ ਗਵਰਨਰ ਮਾਈਕਲ ਓਡਵਾਇਰ ਦੀ ਹੱਤਿਆ ਕਰਨ ਲਈ ਸੱਭ ਤੋਂ ਵੱਧ ਯਾਦ ਕੀਤਾ



ਜਾਂਦਾ ਹੈ ਕਿਉਂ ਕਿ ਉਨ੍ਹਾਂ ਦਾ ਪਰਿਵਾਰ ਜਲਿਆਂ ਵਕਾ ਬਾਗ਼ ਦੇ ਕਤਲੇਆਮ ਤੋਂ ਬਹੁਤ ਪ੍ਰਭਾਵਿਤ ਹੋਇਆ ਸੀ ਜਿੱਥੇ ਜਨਰਲ ਡਾਇਰ ਦੀ ਕਮਾਂਡ ਹੇਠ ਬ੍ਰਿਟਿਸ਼ ਫੌਜਾਂ ਨੇ ਭਾਰਤੀਆਂ ਦੇ ਸ਼ਾਂਤਮਈ ਇਕੱਠ ਤੇ ਗੋਲਾਬਾਰੀ ਕੀਤੀ ਸੀ।ਜਿਸ ਦੇ ਨਤੀਜੇ ਵਜੋਂ ਸੈਂਕੜੇ ਮੌਤਾਂ ਹੋਈਆਂ ਸਨ। ਉਨ੍ਹਾਂ ਦੇ ਪਿਤਾ ਦੀ ਮੌਤ ਤੋਂ ਬਾਅਦ ਊਧਮ ਸਿੰਘ ਅਤੇ ਉਸ ਦੇ ਵੱਡੇ ਭਰਾ ਮੁਕਤਾ ਸਿੰਘ ਦਾ ਪਾਲਣ ਪੋਸ਼ਣ ਅੰਮ੍ਰਿਤਸਰ ਵਿੱਚ ਖਾਲਸਾ ਅਨਾਥ ਆਸ਼ਰਮ ਪੁੱਤਲੀ ਘਰ ਨੇ ਕੀਤਾ।1918 ਵਿੱਚ ਊਧਮ ਸਿੰਘ ਨੇ ਦਸਵੀਂ ਪਾਸ ਕੀਤੀ ਅਤੇ ਅਨਾਥ ਆਸ਼ਰਮ ਛੱਡ ਦਿੱਤਾ।ਸ਼੍ਰੀ ਸੁਰੇਸ਼ ਅਰੋੜਾ ਨੇ ਦੱਸਿਆ ਕਿ ਊਧਮ ਸਿੰਘ ਨੇ ਆਜ਼ਾਦੀ ਅੰਦੋਲਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਉਨ੍ਹਾਂ ਦੇ ਜੀਵਨ ਵਿੱਚ ਗ਼ਦਰ ਪਾਰਟੀ ਦਾ ਮੁਹਿੰਮ ਇੱਕ ਮਹੱਤਵਪੂਰਨ ਅੰਗ ਸੀ।ਗ਼ਦਰ ਪਾਰਟੀ ਇੱਕ ਅਜਿਹਾ ਸੰਗਠਨ ਸੀ ਜਿਸ ਨੇ ਹਿੰਦੁਸਤਾਨੀਆਂ ਨੂੰ ਬ੍ਰਿਟਿਸ਼ ਰਾਜ ਤੋਂ ਮੁਕਤ ਕਰਵਾਉਣ ਲਈ ਸੰਘਰਸ਼ ਕੀਤਾ।ਸ਼੍ਰੀ ਸੁਰੇਸ਼ ਅਰੋੜਾ ਨੇ ਦੱਸਿਆ ਕਿ ਊਧਮ ਸਿੰਘ ਨੇ 21 ਸਾਲ ਬਾਅਦ 13 ਮਾਰਚ 1940 ਨੂੰ ਲੰਡਨ ਵਿੱਚ ਓਡਵਾਇਰ ਦਾ ਕਤਲ ਕੀਤਾ।ਊਧਮ ਸਿੰਘ ਨੂੰ ਕਤਲ ਦਾ ਦੋਸ਼ੀ ਠਹਰਾਇਆ ਗਿਆ।31 ਜੁਲਾਈ 1940 ਨੂੰ ਅੱਜ ਦੇ ਦਿਨ ਪੈਂਟਨਵਿਲੇ ਜੇਲ ਵਿੱਚ ਉਸ ਨੂੰ ਫਾਂਸੀ ਦਿੱਤੀ ਗਈ। ਹਰ ਸਾਲ ਅੱਜ ਦੇ ਦਿਨ ਊਧਮ ਸਿੰਘ ਨੂੰ ਸ਼ਰਧਾਂਜਲੀ ਦਿੱਤੀ ਜਾਂਦੀ ਹੈ।ਜ਼ਿਲਾ ਪ੍ਰਧਾਨ ਨਰੇਸ਼ ਕੁਮਾਰ ਨੇ ਸਭਨਾ ਦਾ ਧੰਨਵਾਦ ਕੀਤਾ।ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਭੁਪਿੰਦਰ ਸਿੰਘ ਛੀਨਾ,ਬਲਦੇਵ ਸਿੰਘ ਨਾਗੀ,ਵੈਦ ਸਤਿੰਦਰ ਕੁਮਾਰ ਸ਼ਰਮਾ,ਰਾਜਿੰਦਰ ਕੁਮਾਰ,ਰੁਪਿੰਦਰ ਸਿੰਘ,ਗੁਰਮੀਤ ਸਿੰਘ,ਸ਼ਾਮ ਸੁੰਦਰ ਸ਼ਰਮਾ ਸੰਧਵਾਂ,ਜੁਗਰਾਜ ਸਿੰਘ ਬਰਾੜ,ਰਾਜੇਸ਼ ਗੁਪਤਾ,ਜੀਤ ਸਿੰਘ ਸਿੱਧੂ,ਸਾਧੂ ਰਾਮ ਸ਼ਰਮਾ, ਜੈ ਪ੍ਰੀਤ ਸਿੰਘ,ਵਜ਼ੀਰ ਚੰਦ ਗੁਪਤਾ,ਹੈਡਮਾਸਟਰ ਜਸਵਿੰਦਰ ਸਿੰਘ ਕੈਂਥ,ਪਰਵੀਨ ਗੁਪਤਾ, ਅਰੁਣ ਕੁਮਾਰ ਗਾਂਧੀ,ਹਰਵਿੰਦਰ ਕੁਮਾਰ ਅਤੇ ਪ੍ਰੀਤਮ ਸਿੰਘ ਹਾਜ਼ਰ ਸਨ।

## ਬੀਐਸਐਨਐਲ ਪੈਨਸ਼ਨਰਜ਼ ਵੱਲੋਂ ਸ਼ਹੀਦ ਊਧਮ ਸਿੰਘ ਸੁਨਾਮ ਨੂੰ ਸਮਰਪਿੱਤ ਵਿਚਾਰ ਗੋਸ਼ਟੀ

### ਤਰਕਸ਼ੀਲ ਸਾਹਿਤ ਵੰਡਿਆ ਗਿਆ ਤੇ ਤਰਕਸ਼ੀਲਾਂ ਵੱਲੋਂ ਕਰਵਾਈ ਜਾ ਰਹੀ ਚੇਤਨਾ ਪਰਖ਼ ਪ੍ਰੀਖਿਆ ਬਾਰੇ ਜਾਣਕਾਰੀ ਦਿੱਤੀ ਗਈ

ਵਰਲਡ ਪੰਜਾਬੀ ਟਾਈਮਜ਼ ਮਾਸਟਰ ਪਰਮਵੇਦ



ਸੰਗਰੂਰ 1 ਅਗਸਤ : ਬੀ.ਐਸ.ਐਨ.ਐਲ. ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ, ਸੰਗਰੂਰ ਵੱਲੋਂ ਸ਼ਹੀਦ ਊਧਮ ਸਿੰਘ ਨੂੰ ਸਮਰਪਿੱਤ ਵਿਚਾਰ ਗੋਸ਼ਟੀ ਦਾ ਆਯੋਜਨ ਸ਼੍ਰੀ ਨੈਣਾਂ ਦੇਵੀ ਮੰਦਿਰ ਧਰਮਸ਼ਾਲਾ, ਸੰਗਰੂਰ ਵਿਖੇ ਕੀਤਾ ਗਿਆ।

ਸ਼ੁਰੂਆਤ ਵਿੱਚ ਸ਼ਹੀਦ ਊਧਮ ਸਿੰਘ ਸੁਨਾਮ ਨੂੰ ਯਾਦ ਕਰਦਿਆਂ ਬੁਲਾਰਿਆਂ ਦੱਸਿਆ ਕਿ ਉਧਮ ਸਿੰਘ ਨੇ ਕਿਹਾ ਸੀ "ਅਜਾਦੀ ਦੀ ਬੁਨਿਆਦ ਇਨਕਲਾਬ ਹੈ। ਗੁਲਾਮੀ ਦੇ ਵਿਰੁੱਧ ਇਨਕਲਾਬ, ਮਨੁੱਖ ਦਾ ਧਰਮ ਹੈ। ਇਹ ਮਨੁੱਖਤਾ ਦਾ ਆਦਰਸ਼ ਹੈ। ਜਿਹੜੀ ਕੌਮ ਅਧੀਨਗੀ ਕਬੂਲ ਕਰਕੇ ਸਿਰ ਨਿਵਾ ਦਿੰਦੀ ਹੈ ਉਹ ਮੌਤ ਨੂੰ ਪ੍ਰਵਾਨ ਕਰਦੀ ਹੈ ਕਿਉਂਕਿ ਅਜਾਦੀ ਜੀਵਨ ਹੈ ਅਤੇ ਗੁਲਾਮੀ ਮੌਤ ਹੈ। ਅਜਾਦੀ ਸਾਡਾ ਜਮਾਂਦਰੂ ਹੱਕ ਹੈ। ਅਸੀਂ ਇਸ ਨੂੰ ਹਾਸਿਲ ਕਰਕੇ ਰਹਾਂਗੇ..."

ਕ੍ਰਾਂਤੀਕਾਰੀ ਸ਼ਹੀਦ ਊਧਮ ਸਿੰਘ ਜਲ੍ਹਿਆਂਵਾਲਾ ਬਾਗ਼ ਦੇ ਖ਼ੂਨੀ ਸਾਕੇ ਦਾ ਬਦਲਾ ਲੈਣ ਵਾਲਾ ਹੀ ਨਹੀਂ ਸੀ, ਸਗੋਂ ਉਹ ਧੁਰ ਅੰਦਰ ਸਮਾਜਿਕ ਬਦਲਾਅ ਨੂੰ ਪ੍ਰਣਾਇਆ ਉੱਘਾ ਕ੍ਰਾਂਤੀਕਾਰੀ ਸੀ। ਲੁੱਟ ਰਹਿਤ ਸਮਾਜ ਸਿਰਜਣ ਦੇ ਅਧੂਰੇ ਸੁਪਨੇ ਨੂੰ ਪੂਰਾ ਕਰਨ ਲਈ ਜਮਾਤੀ ਸੰਘਰਸ਼ ਨੂੰ ਤੇਜ਼ ਕਰਨਾ ਹੀ ਸ਼ਹੀਦ ਊਧਮ ਸਿੰਘ ਨੂੰ ਸ਼ਰਧਾਂਜਲੀ ਹੈ।ਇਸ ਤੋਂ ਬਾਅਦ ਇਸ ਮਹੀਨੇ ਐਸੋਸੀਏਸ਼ਨ ਦੇ ਪਰਿਵਾਰਾਂ ਨਾਲ ਸਬੰਧਿਤ ਵਿਛੜੇ ਪਰਿਵਾਰਿਕ ਮੈਂਬਰਾਂ, 114 ਸਾਲਾ ਮੈਰਾਥਨ ਜੇਤੂ ਸਰਦਾਰ ਫੌਜਾ ਸਿੰਘ ਨੂੰ ਅਤੇ ਪਿਛਲੇ ਦਿਨੀ ਚਲਾਣਾ ਕਰ ਗਏ ਵਿਨੈ ਰੈਣਾ, ਜਿਲਾ ਸਕੱਤਰ, ਲੁਧਿਆਣਾ ਦੇ ਮਾਤਾ ਜੀ ਨੂੰ ਦੋ ਮਿੰਟ ਦਾ ਮੌਨ ਧਾਰਨ ਕਰ ਕੇ ਭਾਵ ਭਿੰਨੀ ਸ਼ਰਧਾਂਜ਼ਲੀ ਪੇਸ਼ ਕੀਤੀ ਗਈ।

ਸ਼੍ਰੀ ਪੀ. ਸੀ. ਬਾਘਾ ਨੇ ਮੀਟਿੰਗ ਦੇ ਸ਼ੁਰੂਆਤ ਵਿੱਚ ਅਜੋਕੇ ਸਮਾਜ ਵਿੱਚ ਪ੍ਰਚਲਤ ਵਹਿਮਾਂ ਭਰਮਾਂ ਅਤੇ ਸਮਾਜਿਕ ਨਾ ਬਰਾਬਰੀ ਦੇ ਮੁੱਦੇ ਤੇ ਪ੍ਰਭਾਵਸ਼ਾਲੀ ਤਕਰੀਰ ਕੀਤੀ ਅਤੇ ਨਿੱਗਰ ਸਮਾਜ ਦੀ ਉਸਾਰੀ ਵਾਸਤੇ ਵਿਗਿਆਨਕ ਸੋਚ ਅਪਣਾਉਣ ਦਾ ਸੱਦਾ ਦਿੱਤਾ।

ਸ਼੍ਰੀ ਸਾਧਾ ਸਿੰਘ ਵਿਰਕ ਨੇ ਪੈਨਸ਼ਨਰਾਂ ਲਈ ਆਪਣੇ ਵਾਰਸਾਂ ਦੇ ਨੌਮੀਨੇਸ਼ਨ ਫਾਰਮ ਭਰਨ ਦੀ ਮਹਤੱਤਾ ਬਾਰੇ ਦੱਸਿਆ ਅਤੇ ਪੰਜਾਬ ਸੀ.ਸੀ.ਏ. ਸੈੱਲ ਵੱਲੋਂ ਇਸ ਸਬੰਧੀ ਜਾਰੀ ਕੀਤੇ ਗਿਆ ਦਿਸ਼ਾ ਨਿਰਦੇਸ਼ਾਂ ਬਾਰੇ ਚਾਨਣਾ ਪਾਇਆ। ਕੇਂਦਰ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹੁਣ ਮੁਲਾਜ਼ਮ ਆਪਣੀ ਵਿਆਹੀ ਹੋਈ ਲੜਕੀ ਦਾ ਨਾਂ ਫੈਮਲੀ ਮੈਂਬਰਾਂ ਵਿੱਚ ਲਿਖਵਾ ਸਕਦੇ ਹਨ। ਇਸ ਤੋਂ ਇਲਾਵਾ ਸੀ ਜੀ ਐਚ ਐਸ ਦੇ ਨਵੇਂ ਸਿਸਟਮ ਬਾਰੇ ਜਾਣਕਾਰੀ ਦਿੱਤੀ ਅਤੇ ਵੈਲਨੈਸ ਸੈਂਟਰਾਂ ਤੇ ਖੱਜਲ ਖੁਆਰੀ ਤੋਂ ਬਚਣ ਲਈ ਉਪਾਅ ਦੱਸੇ।

ਸ਼੍ਰੀ ਅਸ਼ਵਨੀ ਕੁਮਾਰ ਨੇ ਬਜ਼ੁਰਗ ਸਾਥੀ ਸ਼੍ਰੀ ਗੁਰਦਿਆਲ ਸਿੰਘ ਸੈਨੀ ਜੋ ਕਿ ਪਿਛਲੇ ਕਾਫੀ ਸਮੇਂ ਤੋਂ ਸਿਹਤ ਠੀਕ ਨਾ ਹੋਣ ਦੇ ਬਾਵਜ਼ੂਦ ਐਸੋਸੀਏਸ਼ਨ ਲਈ ਪਾਏ ਯੋਗਦਾਨ ਦੀ ਸ਼ਲਾਘਾ ਕੀਤੀ ਅਤੇ ਉਨ੍ਹਾਂ ਦੀ ਸਿਹਤਯਾਬੀ ਦੀ ਕਾਮਨਾ ਕੀਤੀ।

ਸ਼੍ਰੀ ਸ਼ਿਵ ਨਰਾਇਣ ਨੇ ਇਸ ਮਹੀਨੇ ਦੇ ਘਟਨਾਕ੍ਰਮ ਜਿਵੇਂ ਕਿ ਰਾਸ਼ਟਰੀ ਡਾਕਟਰ ਦਿਵਸ, ਵਿਸ਼ਵ ਜਨਸੰਖਿਆ ਦਿਵਸ ,ਜਿਲਾ ਸੰਗਰੂਰ ਦੀ ਗਦਰੀ ਬੀਬੀ ਗੁਲਾਬ ਕੌਰ ਬਖਸ਼ੀ ਵਾਲਾ ਅਤੇ ਉਧਮ ਸਿੰਘ ਦੇ ਸ਼ਹੀਦੀ ਦਿਵਸ ਬਾਰੇ ਚਾਨਣਾ ਪਾਇਆ। ਅਵਾਰਾ ਪਸ਼ੂਆਂ ਅਤੇ ਕੁੱਤਿਆਂ ਬਾਰੇ ਚਿੰਤਾ ਪ੍ਰਗਟਾਉਂਦਿਆਂ ਸਰਕਾਰ ਤੋਂ ਇਸ ਸਮੱਸਿਆ ਦਾ ਹੱਲ ਕੱਢਣ ਦੀ ਮੰਗ ਕੀਤੀ। ਉਨ੍ਹਾਂ ਨੇ ਸ਼੍ਰੀ ਨਵਨੀਤ ਕੁਮਾਰ ਬਰਨਾਲ੍ਹਾ ਦੀ ਭਰਪੂਰ ਸ਼ਲਾਘਾ ਕੀਤੀ ਜਿਨ੍ਹਾਂ ਨੇ ਸਵਰਗੀ ਸ਼੍ਰੀ ਬੀ.ਐਸ. ਸਿੱਧੂ ਅਤੇ ਸ਼੍ਰੀ ਓਂਕਾਰ ਚੰਦ ਦੇ ਪਰਿਵਾਰ ਦੀ ਫੈਮਿਲੀ ਪੈਨਸ਼ਨ ਲਵਾਉਣ ਲਈ ਆਪਣਾ ਵਡਮੁੱਲਾ ਯੋਗਦਾਨ ਪਾਇਆ।

ਸ਼੍ਰੀ ਸ਼ਿਵ ਚਰਨ ਦਾਸ ਨੇ ਤਰਕਸ਼ੀਲ ਸਾਹਿਤ ਵੰਡਿਆ ਅਤੇ ਤਰਕਸ਼ੀਲ ਸੁਸਾਇਟੀ ਪੰਜਾਬ ਵੱਲੋਂ 29 ਤੇ 31 ਅਗਸਤ ਨੂੰ ਕਰਵਾਈ ਜਾ ਰਹੀ ਵਿਦਿਆਰਥੀ ਚੇਤਨਾ ਪਰਖ਼ ਪ੍ਰੀਖਿਆ ਬਾਰੇ ਜਾਣਕਾਰੀ ਦਿੱਤੀ,ਇਹ ਪ੍ਰੀਖਿਆ ਗ਼ਦਰੀ ਗੁਲਾਬ ਕੌਰ ਨੂੰ ਸਮਰਪਿਤ ਹੈ । ਇਕਾਈ ਸੰਗਰੂਰ ਵੱਲੋਂ ਇਹ ਪ੍ਰੀਖਿਆ ਤਕਰੀਬਨ 12 ਪ੍ਰੀਖਿਆ ਕੇਂਦਰਾਂ ਵਿੱਚ ਹੋਵੇਗੀ।

ਸ਼੍ਰੀ ਕੇਵਲ ਸਿੰਘ ਮਾਲੇਰਕੋਟਲਾ ਨੇ ਆਪਣੀ ਬੁਲੰਦ ਅਵਾਜ ਵਿੱਚ ਤੂੰਬੀ ਨਾਲ ਇੱਕ ਬਹੁਤ ਹੀ ਮਕਬੂਲ ਗੀਤ ਗਾ ਕੇ ਦਰਸ਼ਕਾਂ ਦਾ ਮਨੋਰੰਜਨ ਕੀਤਾ। ਸ਼੍ਰੀ ਹਰਮੇਸ਼ ਸਿੰਘ ਨੇ ਰਾਗ ਮਲਹਾਰ ਵਿੱਚ ਇੱਕ ਸ਼ਬਦ ਦਾ ਗਾਇਣ ਕੀਤਾ ਅਤੇ ਵਾਰਿਸ ਸ਼ਾਹ ਦੀ ਹੀਰ ਵਿੱਚੋਂ ਇੱਕ ਗੀਤ ਸੁਣਾ ਕੇ ਆਪਣੀ ਕਲਾ ਨਾਲ ਮਾਹੌਲ ਨੂੰ ਵਿਲੱਖਣ ਰੰਗ ਦਿੱਤਾ। ਸ਼੍ਰੀ ਭਾਰਤ ਭੂਸ਼ਣ ਧੂਰੀ ਨੇ ਇੱਕ ਮਸ਼ਹੂਰ ਫਿਲਮੀ ਗੀਤ ਸੁਣਾ ਕੇ ਸਰੋਤਿਆਂ ਨੂੰ ਮੰਤਰ ਮੁਗਧ ਕੀਤਾ।

ਮੀਟਿੰਗ ਵਿੱਚ ਚਾਰ ਕਾਊਂਟਰ ਲਗਾਏ ਗਏ ਸਨ ਅਤੇ ਲਗਭਗ 80 ਪੈਨਸ਼ਨਰ ਪਰਿਵਾਰਾਂ ਦੇ ਨੌਮੀਨੇਸ਼ਨ ਫਾਰਮ ਭਰਵਾਏ ਗਏ। ਫਾਰਮ ਭਰਨ ਦੇ ਸੇਵਾ ਸ਼੍ਰੀ ਨਵਨੀਤ ਕੁਮਾਰ ਬਰਨਾਲ੍ਹਾ, ਸ਼੍ਰੀ ਮਾਂਗੇ ਰਾਮ ਸੁਨਾਮ , ਸ਼੍ਰੀ ਐਸ. ਪੀ. ਗਰਗ ਸੰਗਰੂਰ, ਸ਼੍ਰੀ ਬਲਵੰਤ ਰਾਮ ਸੰਗਰੂਰ ਅਤੇ ਸ਼੍ਰੀ ਭਾਰਤ ਭੂਸ਼ਣ ਧੂਰੀ ਵੱਲੋਂ ਕੀਤੀ ਗਈ।

ਸ਼੍ਰੀ ਸਾਧਾ ਸਿੰਘ ਵਿਰਕ ਨੇ ਉਚੇਚੇ ਤੌਰ ਤੇ ਹਾਜ਼ਰੀ ਭਰਨ ਲਈ ਪਹੁੰਚੇ ਸ਼੍ਰੀ ਦੀਦਾਰ ਸਿੰਘ (ਰੋਪੜ),ਸ਼੍ਰੀ ਰਜਿੰਦਰ ਸਿੰਘ ਸਲਾਣਾ (ਖੰਨਾ ਮੰਡੀ) ਅਤੇ ਦੂਰ ਦੁਰਾਡੇ ਤੋਂ ਵੱਡੀ ਗਿਣਤੀ ਵਿੱਚ ਹਾਜ਼ਰੀ ਲਵਾਉਣ ਵਾਲੇ ਪੈਨਸ਼ਨਰ ਸਾਥੀਆਂ ਦਾ ਧੰਨਵਾਦ ਕੀਤਾ । ਮੰਚ ਸੰਚਾਲਨ ਸ਼੍ਰੀ ਸ਼ਿਵ ਨਰਾਇਣ ਵੱਲੋਂ ਕੀਤਾ ਗਿਆ।

## ਆਜ਼ਾਦ ਕਿਸਾਨ ਮੋਰਚਾ ਪੰਜਾਬ ਨੇ ਸ਼ਹੀਦ ਊਧਮ ਸਿੰਘ ਜੀ ਦੇ 85ਵੇਂ ਸ਼ਹੀਦੀ ਦਿਹਾੜੇ ਮੌਕੇ ਖ਼ੂਨਦਾਨ ਅਤੇ ਨਸ਼ਾ ਵਿਰੋਧੀ ਜਾਗਰੂਕਤਾ ਕੈਂਪ ਲਈ ਕੇ ਦਿਤੀ ਸ਼ਰਧਾਂਜਲੀ

### ਸਿੰਥੇਟਿਕ ਨਸ਼ਿਆਂ ਦੀ ਰੋਕਥਾਮ ਲਈ ਅਫੀਮ ਪੋਸਤ ਮੈਡੀਕਲ ਸਟੋਰਾਂ 'ਤੇ ਡਾਕਟਰ ਦੀ ਪਰਚੀ 'ਤੇ ਮੁਹਈਆ ਕਰਵਾਉਣ ਦੀ ਮੰਗ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 1 ਅਗਸਤ : ਸ਼ਹੀਦ ਊਧਮ ਸਿੰਘ ਜੀ ਦੇ 85ਵੇਂ ਸ਼ਹੀਦੀ ਦਿਵਸ 'ਤੇ ਇਕਾਈ ਪ੍ਰਧਾਨ ਬਲਕਰਨ ਸਿੰਘ ਦੀ ਅਗਵਾਈ ਵਿੱਚ ਖ਼ੂਨ ਦਾਨ ਕੈਂਪ ਅਤੇ ਨਸ਼ਾ ਵਿਰੋਧੀ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਸਮਾਰੋਹ ਦੀ ਪ੍ਰਧਾਨਗੀ ਕਰ ਰਹੇ ਚੌਧਰੀ ਮਨੋਜ ਕੁਮਾਰ ਗੋਦਾਰਾ ਸੂਬਾ ਪ੍ਰਧਾਨ ਆਜ਼ਾਦ ਕਿਸਾਨ ਮੋਰਚਾ ਪੰਜਾਬ ਨੇ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਪੰਜਾਬ ਦੇ ਘਰ ਘਰ ਨਸ਼ਾ ਪਹੁੰਚ ਚੁੱਕਾ ਹੈ। ਇਹਨਾਂ ਨਸ਼ਾ ਸਿੰਥੇਟਿਕ ਨਸ਼ਿਆਂ ਨਾਲ ਹਰ ਰੋਜ ਮਾਵਾਂ ਦੇ ਨੌਜਵਾਨ ਪੁੱਤ, ਭੈਣਾਂ ਦੇ ਭਰਾ ਤੇ ਮਹਿਲਾਵਾਂ ਦੇ ਪਤੀ ਹਰ ਦਿਨ ਅਜਾਈਂ ਮੌਤ ਮਰ ਰਹੇ ਹਨ, ਚੌਧਰੀ ਮਨੋਜ ਕੁਮਾਰ ਗੋਦਾਰਾ ਨੇ ਕਿਹਾ ਕਿ ਅਗਰ ਹਾਲਾਤ ਇਹੋ ਜਿਹੇ ਰਹੇ ਤਾਂ ਆਉਣ ਵਾਲੇ ਸਮੇਂ ਵਿੱਚ ਪੰਜਾਬ ਵਿੱਚੋਂ ਜਵਾਨੀ ਖ਼ਤਮ ਹੋ ਜਾਵੇਗੀ। ਚੌਧਰੀ ਮਨੋਜ ਕੁਮਾਰ ਗੋਦਾਰਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਜ਼ੇਕਰ ਪੰਜਾਬ ਦੀ ਜਵਾਨੀ ਬੱਚਾਉਣੀ ਹੈ ਤਾਂ ਪੰਜਾਬ ਸਰਕਾਰ ਪੰਜਾਬ ਵਿੱਚ ਅਫੀਮ ਮੈਡੀਕਲ ਸਟੋਰਾਂ ਰਾਹੀਂ ਡਾਕਟਰ ਸਾਹਿਬਾਨਾਂ ਦੀ ਪਰਚੀ 'ਤੇ ਮੁਹਈਆ ਕਰਵਾਵੇ। ਅਫੀਮ ਤੇ ਪੋਸਤ ਧਰਤੀ ਤੋਂ ਪੈਦਾ ਹੋਣ ਵਾਲਾ ਕੁਦਰਤੀ ਨਸ਼ਾ ਹੈ ਜਿਸਦੀ ਡੋਜ ਦਾ ਪੈਮਾਨਾ ਫਿਕਸ ਹੁੰਦਾ ਹੈ। ਗੁਰਮੀਤ ਸਿੰਘ ਪ੍ਰਜਾਪਤੀ ਜਿਲ੍ਹਾ ਪ੍ਰਧਾਨ ਆਜ਼ਾਦ ਕਿਸਾਨ ਮੋਰਚਾ ਪੰਜਾਬ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਸ਼ਹੀਦ ਊਧਮ ਸਿੰਘ ਦੀ ਲਾਸਾਨੀ ਕੁਰਬਾਨੀ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ, ਜਿਨ੍ਹਾਂ ਨੇ 21 ਸਾਲਾਂ ਬਾਅਦ ਜਲਿਆਂਵਾਲਾ ਬਾਗ 'ਚ ਅੰਗਰੇਜਾਂ ਦੀ ਗੋਲੀ ਨਾਲ ਸ਼ਹੀਦ ਹੋਏ ਬੇਕਸੂਰ ਭਾਰਤੀਆਂ ਦੇ ਕਤਲ ਦਾ ਬਦਲਾ ਲੰਡਨ 'ਚ ਜਾ ਕੇ ਲਿਆ। ਸ਼ਹੀਦ ਊਧਮ ਸਿੰਘ ਦੇਸ਼ ਦਾ ਸਰਮਾਇਆ ਹਨ ਸ਼ਹੀਦ ਨੂੰ ਕਿਸੇ ਇੱਕ ਜਾਤੀ ਜਾਂ ਫਿਰਕੇ ਨਾਲ ਜੋੜ ਕੇ ਰੱਖਣ ਨਾਲ ਸ਼ਹੀਦ ਵਲੋਂ ਦਿਤੀ ਕੁਰਬਾਨੀ ਦਾ ਦਰਜ਼ਾ ਘਟਦਾ ਹੈ। ਪੰਜਾਬ ਵਾਸੀਆਂ ਨੂੰ ਸ਼ਹੀਦ ਊਧਮ ਸਿੰਘ 'ਤੇ ਮਾਣ ਹੈ ਕਿ ਸ਼ਹੀਦ ਊਧਮ ਸਿੰਘ ਪੰਜਾਬ ਦੀ ਧਰਤੀ ਤੇ ਵਸਦੇ ਸੁਨਾਮ ਸ਼ਹਿਰ ਵਿੱਚ ਹੋਇਆ ਸੀ। ਇਸ ਮੌਕੇ ਬੋਲਦਿਆਂ ਬਲਕਰਨ ਸਿੰਘ ਇਕਾਈ ਪ੍ਰਧਾਨ ਪੱਟੀ ਸਦੀਕ ਨੇ ਖ਼ੂਨ ਦਾਨੀ ਸੱਜਣਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਾਡੇ ਵਲੋਂ ਕੀਤੇ ਗਏ ਖ਼ੂਨਦਾਨ ਨਾਲ ਬਹੁਤ ਸਾਰੀਆਂ ਜਿੰਦਗੀਆਂ ਬੱਚਾਈਆਂ ਜਾਂ ਸਕਦੀਆਂ ਹਨ। ਇਹ ਖ਼ੂਨ ਦਾਨ ਕੈਂਪ ਡਾਕਟਰ ਸ਼ਮਸ਼ੇਰ ਸਿੰਘ ਅਤੇ ਡਾਕਟਰ ਕ੍ਰਿਸ਼ਨ ਕੁਮਾਰ ਦੀ ਨਿਗਰਾਨੀ ਹੇਠ ਲਗਾਇਆ ਗਿਆ। ਸ਼ਹੀਦ ਊਧਮ ਸਿੰਘ ਦੇ 85ਵੇਂ ਸ਼ਹੀਦੀ ਦਿਵਸ 'ਤੇ ਚੌਧਰੀ ਮਨੋਜ ਕੁਮਾਰ ਗੋਦਾਰਾ, ਗੁਰਮੇਲ ਸਿੰਘ ਹੈਡ ਕਾਂਸਟੇਬਲ ਗੁਰਮੇਲ ਸਿੰਘ ਸਮੇਤ ਬਹੁਤ ਸਾਰੇ ਸਾਥੀਆਂ ਵਲੋਂ ਖ਼ੂਨਦਾਨ ਕੀਤਾ ਗਿਆ। ਇਸ ਮੌਕੇ ਖ਼ੂਨਦਾਨ ਕਰਨ ਵਾਲੇ ਖ਼ੂਨਦਾਨੀਆਂ ਨੂੰ ਆਜ਼ਾਦ ਕਿਸਾਨ ਮੋਰਚਾ ਪੰਜਾਬ ਦੇ ਪ੍ਰਧਾਨ ਚੌਧਰੀ ਮਨੋਜ ਕੁਮਾਰ ਗੋਦਾਰਾ ਵਲੋਂ ਪ੍ਰਸੰਸ਼ਾ ਪੱਤਰ ਅਤੇ ਮੈਡਲ ਦੇ ਕੇ ਸਨਮਾਨਿਤ ਵੀ ਕੀਤਾ ਗਿਆ। ਇਸ ਮੌਕੇ ਗੁਰਮੇਲ ਸਿੰਘ ਹੈਡ ਕਾਂਸਟੇਬਲ, ਗੁਰਮੇਲ ਸਿੰਘ ਚੌਕੀ ਪੱਟੀ ਸਦੀਕ ਨੇ ਕਿਹਾ ਕਿ ਮਾਨਯੋਗ ਹਰਮਨ ਬੀਰ ਸਿੰਘ ਗਿਲ ਡੀਆਈਜੀ ਫਿਰੋਜ਼ਪੁਰ ਅਤੇ ਗੁਰਮੀਤ ਸਿੰਘ ਐਸ ਐਸ ਪੀ ਫਾਜ਼ਿਲਕਾ ਵਲੋਂ ਜਾਰੀ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਵਖ-ਵਖ ਥਾਣਿਆਂ ਵਿੱਚ ਨਸ਼ਾ ਵੇਚਣ ਵਾਲਿਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਗੁਰਮੇਲ ਸਿੰਘ ਨੇ ਕਿਹਾ ਕਿ ਅਗਰ ਕੋਈ ਨਸ਼ਾ ਖਾਂਦਾ ਹੈ ਤੇ ਨਸ਼ਾ ਛਡਣਾ ਚਾਹੁੰਦਾ ਹੈ ਤਾਂ ਉਹ ਮਾਨਯੋਗ ਐਸ ਐਸ ਪੀ ਫ਼ਾਜਿਲਕਾ ਨੂੰ ਮਿਲ ਸਕਦੇ ਹਨ, ਨਸ਼ਾ ਛੱਡਣ ਦੇ ਇੱਛੁਕ ਨਸ਼ਾ ਖਾਣ ਵਾਲਿਆਂ ਦਾ ਅਬੋਹਰ ਦੇ ਸਰਕਰੀ ਹਸਪਤਾਲ ਵਿੱਚ ਸਥਾਪਿਤ ਨਸ਼ਾ ਛਡਾਊ ਕੇਂਦਰ ਵਿੱਚ ਮੁਫ਼ਤ ਇਲਾਜ ਕਰਵਾਇਆ ਜਾਂਦਾ ਹੈ। ਇਸ ਮੌਕੇ ਅਵਤਾਰ ਸਿੰਘ ਸਰਕਲ ਪ੍ਰਧਾਨ ਅਬੋਹਰ, ਜਸਵੀਰ ਸਿੰਘ ਉਰਫ ਗੁਨਾ ਸਰਾਂ ਬਲਾਕ ਪ੍ਰਧਾਨ ਖੂਈਆਂ ਸਰਵਰ, ਸਰਪੰਚ ਭੋਜ ਰਾਜ ਸਿਹਾਗ ਇਕਾਈ ਪ੍ਰਧਾਨ ਤਾਜ਼ਾ ਪੱਟੀ, ਬੰਸੀ ਲਾਲ ਸ਼ਾਕਯ, ਪੂਰਨ ਚੰਦ ਸ਼ਾਕਯ ਸੱਪਾਂਵਾਲੀ, ਕਾਮਰੇਡ ਬੂਟਾ ਸਿੰਘ ਆਜਮ ਵਾਲਾ, ਸ਼ਕੀਲਾ ਸੁਖਚੈਨ, ਜਸਵੰਤ ਸਿੰਘ ਖਟੌੜ, ਬਲਵੀਰ ਸਿੰਘ ਡੀਪੂ ਵਾਲੇ, ਸ਼ਿੰਦਰਪਾਲ ਸਿੰਘ ਮੈਂਬਰ ਪੰਚਾਇਤ, ਭਿੰਦਰ ਸਹੋਤਾ, ਗੱਗੂ ਸਹੋਤਾ, ਸੇਠੀ ਮਹਾਰਾਜ ਅਤੇ ਸਾਥੀ ਮੌਜੂਦ ਸਨ।